ਰਾਗੁ ਕੇਦਾਰਾ ਬਾਣੀ ਕਬੀਰ ਜੀਉ ਕੀ ੴ ਸਤਿਗੁਰ ਪ੍ਰਸਾਦਿ ॥ ਉਸਤਤਿ ਨਿੰਦਾ ਦੋਊ ਬਿਬਰਜਿਤ ਤਜਹੁ ਮਾਨੁ ਅਭਿਮਾਨਾ ॥ ਲੋਹਾ ਕੰਚਨੁ ਸਮ ਕਰਿ ਜਾਨਹਿ ਤੇ ਮੂਰਤਿ ਭਗਵਾਨਾ ॥੧॥ ਤੇਰਾ ਜਨੁ ਏਕੁ ਆਧੁ ਕੋਈ ॥ ਕਾਮੁ ਕ੍ਰੋਧੁ ਲੋਭੁ ਮੋਹੁ ਬਿਬਰਜਿਤ ਹਰਿ ਪਦੁ ਚੀਨ੍ਹੈ ਸੋਈ ॥੧॥ ਰਹਾਉ ॥ ਰਜ ਗੁਣ ਤਮ ਗੁਣ ਸਤ ਗੁਣ ਕਹੀਐ ਇਹ ਤੇਰੀ ਸਭ ਮਾਇਆ ॥ ਚਉਥੇ ਪਦ ਕਉ ਜੋ ਨਰੁ ਚੀਨ੍ਹੈ ਤਿਨ੍ਹ ਹੀ ਪਰਮ ਪਦੁ ਪਾਇਆ ॥੨॥ ਤੀਰਥ ਬਰਤ ਨੇਮ ਸੁਚਿ ਸੰਜਮ ਸਦਾ ਰਹੈ ਨਿਹਕਾਮਾ ॥ ਤ੍ਰਿਸਨਾ ਅਰੁ ਮਾਇਆ ਭ੍ਰਮੁ ਚੂਕਾ ਚਿਤਵਤ ਆਤਮ ਰਾਮਾ ॥ ੩॥ ਜਿਹ ਮੰਦਰਿ ਦੀਪਕੁ ਪਰਗਾਸਿਆ ਅੰਧਕਾਰੁ ਤਹ ਨਾਸਾ ॥ ਨਿਰਭਉ ਪੂਰਿ ਰਹੇ ਭ੍ਰਮੁ ਭਾਗਾ ਕਹਿ ਕਬੀਰ ਜਨ ਦਾਸਾ ॥੪॥੧॥ {ਪੰਨਾ 1123}

ਪਦਅਰਥ:- ਬਿਬਰਜਿਤ—ਮਨ੍ਹਾ, ਵਰਜੇ ਹੋਏ, ਮਾੜੇ। ਉਸਤਤਿ—ਵਡਿਆਈ, ਕਿਸੇ ਬੰਦੇ ਦੀ ਵਡਿਆਈ, ਖ਼ੁਸ਼ਾਮਦ। ਅਭਿਮਾਨਾ—ਅਹੰਕਾਰ। ਕੰਚਨੁ—ਸੋਨਾ। ਸਮ—ਬਰਾਬਰ। ਤੇ—ਉਹ ਬੰਦੇ।1।

ਏਕੁ ਆਧੁ—ਕੋਈ ਵਿਰਲਾ। ਹਰਿ ਪਦੁ—ਰੱਬੀ ਮਿਲਾਪ ਦੀ ਅਵਸਥਾ। ਚੀਨ੍ਹੈ—ਪਛਾਣਦਾ ਹੈ।1। ਰਹਾਉ।

ਰਜੁ ਗੁਣ—ਮਾਇਆ ਦਾ ਉਹ ਗੁਣ ਜੋ ਮੋਹ ਅਹੰਕਾਰ ਆਦਿਕ ਦਾ ਮੂਲ ਹੈ। ਤਮ ਗੁਣ—ਉਹ ਗੁਣ ਜਿਸ ਦੇ ਕਾਰਨ ਆਤਮਕ ਜੀਵਨ ਦਾ ਸਾਹ ਘੁੱਟਿਆ ਜਾਏ। (ਤਮ—ਸਾਹ ਘੁੱਟਿਆ ਜਾਣਾ)। ਸਤ ਗੁਣ—ਮਾਇਆ ਦੇ ਗੁਣਾਂ ਵਿਚੋਂ ਪਹਿਲਾ ਗੁਣ ਜਿਸ ਦਾ ਨਤੀਜਾ ਸ਼ਾਂਤੀ, ਦਇਆ, ਦਾਨ, ਖਿਮਾ, ਪ੍ਰਸੰਨਤਾ ਆਦਿਕ ਹੈ। ਇਸ ਅਵਸਥਾ ਵਿਚ ਮਨੁੱਖ ਸ਼ਾਂਤੀ, ਦਇਆ ਆਦਿਕ ਕੰਮਾਂ ਤੇ ਜ਼ੋਰ ਦੇਂਦਾ ਹੈ, ਤੇ ਇਹਨਾਂ ਦੇ ਕਰਨ ਨਾਲ ਹੀ ਉਸ ਨੂੰ ਜੀਵਨ-ਹੁਲਾਰਾ ਆਉਂਦਾ ਹੈ।2।

ਨਿਹਕਾਮਾ—ਕਾਮਨਾ-ਰਹਿਤ। ਸੁਚਿ—ਪਵਿੱਤ੍ਰਤਾ, ਸਰੀਰਕ ਸੁਚ। ਸੰਜਮ—ਇੰਦ੍ਰਿਆਂ ਨੂੰ ਕਾਬੂ ਕਰਨ ਦੇ ਜਤਨ। ਚਿਤਵਤ—ਸਿਮਰਦਿਆਂ।3।

ਮੰਦਰਿ—ਮੰਦਰ ਵਿਚ, ਘਰ ਵਿਚ। ਦੀਪਕੁ—ਦੀਵਾ। ਪਰਗਾਸਿਆ—ਜਗ ਪਿਆ। ਤਹ—ਉੱਥੇ। ਪੂਰਿ ਰਹੇ—ਪਰਗਟ ਹੋਏ।4।

ਅਰਥ:- ਹੇ ਭਾਈ! ਕਿਸੇ ਮਨੁੱਖ ਦੀ ਖ਼ੁਸ਼ਾਮਦ ਕਰਨੀ ਜਾਂ ਕਿਸੇ ਦੇ ਐਬ ਫਰੋਲਣੇ—ਇਹ ਦੋਵੇਂ ਕੰਮ ਮਾੜੇ ਹਨ। (ਇਹ ਖ਼ਿਆਲ ਭੀ) ਛੱਡ ਦਿਉ (ਕਿ ਕੋਈ ਤੁਹਾਡਾ) ਆਦਰ (ਕਰਦਾ ਹੈ ਜਾਂ ਕੋਈ) ਆਕੜ (ਵਿਖਾਉਂਦਾ ਹੈ)। ਜੋ ਮਨੁੱਖ ਲੋਹੇ ਤੇ ਸੋਨੇ ਨੂੰ ਇਕੋ ਜਿਹਾ ਜਾਣਦੇ ਹਨ, ਉਹ ਭਗਵਾਨ ਦਾ ਰੂਪ ਹਨ। {ਸੋਨਾ—ਆਦਰ। ਲੋਹਾ—ਨਿਰਾਦਰੀ}।1।

ਹੇ ਪ੍ਰਭੂ! ਕੋਈ ਵਿਰਲਾ ਮਨੁੱਖ ਤੇਰਾ ਹੋ ਕੇ ਰਹਿੰਦਾ ਹੈ। (ਜੋ ਤੇਰਾ ਬਣਦਾ ਹੈ) ਉਸ ਨੂੰ ਕਾਮ, ਕ੍ਰੋਧ, ਲੋਭ, ਮੋਹ (ਆਦਿਕ ਵਿਕਾਰ) ਮਾੜੇ ਲੱਗਦੇ ਹਨ। (ਜੋ ਮਨੁੱਖ ਇਹਨਾਂ ਨੂੰ ਤਿਆਗਦਾ ਹੈ) ਉਹੀ ਮਨੁੱਖ ਪ੍ਰਭੂ-ਮਿਲਾਪ ਵਾਲੀ ਅਵਸਥਾ ਨਾਲ ਸਾਂਝ ਪਾਂਦਾ ਹੈ।1। ਰਹਾਉ।

ਕੋਈ ਜੀਵ ਰਜੋ ਗੁਣ ਵਿਚ ਹਨ, ਕੋਈ ਤਮੋ ਗੁਣ ਵਿਚ ਹਨ, ਕੋਈ ਸਤੋ ਗੁਣ ਵਿਚ ਹਨ। ਪਰ (ਜੀਵਾਂ ਦੇ ਕੀਹ ਵੱਸ?) ਇਹ ਸਭ ਕੁਝ, ਹੇ ਪ੍ਰਭੂ! ਤੇਰੀ ਮਾਇਆ ਹੀ ਕਹੀ ਜਾ ਸਕਦੀ ਹੈ। ਜੋ ਮਨੁੱਖ (ਇਹਨਾਂ ਤੋਂ ਉਤਾਂਹ) ਚੌਥੀ ਅਵਸਥਾ (ਪ੍ਰਭੂ-ਮਿਲਾਪ) ਨਾਲ ਜਾਣ-ਪਛਾਣ ਕਰਦਾ ਹੈ, ਉਸੇ ਨੂੰ ਹੀ ਉੱਚੀ ਆਤਮਕ ਅਵਸਥਾ ਪ੍ਰਾਪਤ ਹੁੰਦੀ ਹੈ।2।

ਜੋ ਮਨੁੱਖ ਸਦਾ ਸਰਬ-ਵਿਆਪਕ ਪ੍ਰਭੂ ਨੂੰ ਸਿਮਰਦਾ ਹੈ, ਉਸ ਦੇ ਅੰਦਰੋਂ ਮਾਇਆ ਦੀ ਤ੍ਰਿਸ਼ਨਾ ਤੇ ਭਟਕਣਾ ਦੂਰ ਹੋ

ਜਾਂਦੀ ਹੈ, ਇਸ ਲਈ ਉਹ ਸਦਾ ਤੀਰਥ ਵਰਤ ਸੁੱਚ ਸੰਜਮ ਆਦਿਕ ਨੇਮਾਂ ਵਲੋਂ ਨਿਸ਼ਕਾਮ ਰਹਿੰਦਾ ਹੈ, (ਭਾਵ, ਇਹਨਾਂ ਕਰਮਾਂ ਦੇ ਕਰਨ ਦੀ ਉਸ ਨੂੰ ਚਾਹ ਨਹੀਂ ਰਹਿੰਦੀ)।3।

ਪ੍ਰਭੂ ਦਾ ਜਨ, ਪ੍ਰਭੂ ਦਾ ਦਾਸ ਕਬੀਰ ਆਖਦਾ ਹੈ—ਜਿਸ ਘਰ ਵਿਚ ਦੀਵਾ ਜਗ ਪਏ, ਉੱਥੋਂ ਹਨੇਰਾ ਦੂਰ ਹੋ ਜਾਂਦਾ ਹੈ, ਤਿਵੇਂ ਹੀ ਜਿਸ ਹਿਰਦੇ ਵਿਚ ਨਿਰਭਉ ਪ੍ਰਭੂ ਪਰਗਟ ਹੋ ਜਾਏ ਉਸ ਦੀ ਭਟਕਣਾ ਮਿਟ ਜਾਂਦੀ ਹੈ।4।1।

ਸ਼ਬਦ ਦਾ ਭਾਵ:- ਸੰਤ ਦਾ ਕਰਤੱਬ—ਵਿਕਾਰਾਂ ਤੋਂ ਮਨੁੱਖ ਪਰਹੇਜ਼ ਕਰਦਾ ਹੈ; ਨਾਹ ਕਿਸੇ ਦੀ ਨਿੰਦਾ, ਨਾਹ ਕਿਸੇ ਦੀ ਖ਼ੁਸ਼ਾਮਦ, ਤੀਰਥ ਵਰਤ ਆਦਿਕ ਵਲੋਂ ਬੇ-ਪਰਵਾਹ; ਕੋਈ ਭਟਕਣਾ ਨਹੀਂ ਰਹਿ ਜਾਂਦੀ।